# Punjab government sets deadline of three months to make Punjab drug free state

**CM Chairs meeting to launch decisive crusade against drugs**

**No subsidy to drug peddlers and their family under various government schemes**

**Multi pronged strategy finalized to combat the menace**

**Curriculum to be introduced in schools for making students aware against drugs**

**Special courts to be set up for speedy trial of drug smugglers**

**CPs, DCs and SSPs directed to work in tandem with each other**

**Police to identify drug hotspots, snap supply line and crackdown on drug peddlers**

**Property of drug peddlers to be confiscated and demolished**

**DCs asked to transform war against drug into mass movement**

**District level campaigns to be initiated on war footing**

Chandigarh, February 28-

Announcing a crusade against the menace of drugs, the Punjab Chief Minister Bhagwant Singh Mann on Friday asked the Commissioners of Police, Deputy Commissioners and Senior Superintendent of Police to make Punjab drug free state in coming three months.

Taking part in deliberations in a meeting with Commissioners of Police, Deputy Commissioners and Senior Superintendent of Police, the Chief Minister said that this is a historic moment as the state government has adopted zero tolerance policy against drugs and is launching a crusade against this menace. He said that Punjab Police has a long and glorious history of tackling with the hostile law and order situations adding he expressed hope that the Police will uphold its glorious tradition and make the state completely drug free with the active support and cooperation of general public. Bhagwant Singh Mann also said that the state

government will set up special courts to ensure speedy trial of drugs cases and ensure conviction of the culprits.

The Chief Minister said that there is no dearth of funds for this and assured fulsome support and cooperation to the Police and civil administration for this noble cause. He said that preventive measures should be taken in the school and colleges so that youth doesn't fell prey to the scourge of drugs. Bhagwant Singh Mann said that the supply line of drugs should be snapped and those selling the drugs should be put behind the bars adding he said that the state government will also ensure that the drug peddlers and their families do not get any sort of subsidy in terms of free power, water and others by the government so that it acts as a deterrent for the criminals.

The Chief Minister said that the necessary formalities regarding it will be finalized soon adding that if any further amendment in the NDPS act, to ensure exemplary action drug peddlers, will be required they will be flagged with the Union government. He said that the war against drugs should be transformed into a mass and social campaign for which the officers must plan a big action. Citing example of Narangwal village where illegal property of drug smuggler was razed on Thursday evening, Bhagwant Singh Mann said that library will be constructed over the Shamlat land where the house was razed.

The Chief Minister said that the place from where drugs were sold will be transformed into a place of knowledge sharing to make the youth aware against drug menace. He assured the field officers that they will not face any sort of problem in giving a severe blow to drug menace. Bhagwant Singh Mann said that Punjab had already won war against militancy in the past and now also all the officers will play a major role in curbing the menace of drugs.

The Chief Minister said that war against drug has to be won by planning and execution at the micro level for which the officers have to play a proactive role. He said that the state government is already making concerted efforts to channelize the unbounded energy of youth in a positive manner. Bhagwant Singh Mann said that this is an extraordinary war and out of the box initiatives and steps are required by the state government in general and every officer in particular.

The Chief Minister asked the Police officers including the Commissioners of Police (CPs) and Senior Superintendent of Police (SSPs) that within three months there should be no availability of drugs and after a month evaluation of each SSP will be made on progress in anti drug programme in the district adding that all the officers will be accountable and action will be taken against non-performers. He said that registration of cases should be done against Drug Traffickers adding that ANTF has already supplied the list for this. Bhagwant Singh Mann asked the

officers to ensure that bails of arrested accused in big / intermediate quantity cases are opposed tooth and nail.

The Chief Minister also batted for timely submission of challans in NDPS cases along with on time submission of chemical reports in NDPS cases. He said that comprehensive inquiry and action in all cases of Drug overdose deaths in the districts should be undertaken. Bhagwant Singh Mann further said that intensive checking of vehicles to prevent ferrying of drugs both during day and nights should be ensured.

Dwelling on another issue, the Chief Minister directed strict action against police officials involved in consumption / promotion of drugs. Likewise, he said that property of convicts in drug smuggling should be seized with immediate effect adding that 100% properties should be seized in commercial quantity cases. Similarly, Bhagwant Singh Mann asked that 100% demolition should be done of illegal properties in commercial quantity cases.

The Chief Minister further asked the CPs and SSPs that identification of the drug hotspots should be done vehemently and CASO Operation should be done every fortnight by senior officers in every Hotspot area and in the Jails on weekly basis. He also said that extensive domination drive day and night (24x7) should be carried in Hotspot areas with the focus on recoveries of Narcotics. Bhagwant Singh Mann said that if any drug smuggler misbehaves with the police then it should be dealt with very severely.

The Chief Minister asked the Deputy Commissioners, CPs and SSPs to work in tandem with each to implement De-addiction and Prevention strategies. He asked the Deputy Commissioners to inspect all the de-addiction, Rehabilitation and OOAT Centers both Government and Private regularly. He said that these centres must be equipped with Adequate Manpower (Including Psychiatrist, Counselor and others) and infrastructure including Testing Kits, Medicines, Security (Security Staff / CCTVs), Hygiene and others. Bhagwant Singh Mann said that DCs should prepare for exigencies that may arise due to increased patient lead and ensure regular checking of chemist shops.

The Chief Minister also asked the DCs to ensure that SDMs/Field officials visit the house of victims in case of Drug Overdose death and families of addicts in general to wipe out the menace. He also announced the introduction of courses against drug addiction in the School syllabus for which necessary steps will be taken by the Education department. Bhagwant Singh Mann asked the DCs to ensure that relief from CM Relief Fund is provided in each case of Drug overdose death.

The Chief Minister further directed the DCs to ensure families of addicts are provided counseling and support besides starting a massive outreach and mass contact program. He asked the DCs to coordinate the roles of School Education, Sports, Health, Employment and Skill Development Department at district level in effectively controlling the menace of drugs. Bhagwant Singh Mann asked the DCs to ensure that every month a mass communication programme against Drugs in form of Public meetings/ camps, Seminars, Cycle Rallies, Human chains, Sports events, Skill Development events against Drugs are organised in their respective district.

On the occasion Cabinet Ministers Harpal Cheema, Aman Arora, Dr Balbir Singh, Tarunpreet Singh Sondh and Laljit Singh Bhullar were also present.

--------------

# ਮੁੱਖ ਮੰਤਰੀ ਦਫ਼ਤਰ, ਪੰਜਾਬ

**ਪੰਜਾਬ ਸਰਕਾਰ ਨੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਤਿੰਨ ਮਹੀਨਿਆਂ ਦੀ ਸਮਾਂ-ਸੀਮਾ ਮਿੱਥੀ**

**ਨਸ਼ਿਆਂ ਵਿਰੁੱਧ ਫੈਸਲਾਕੁੰਨ ਜੰਗ ਸ਼ੁਰੂ ਕਰਨ ਲਈ ਮੁੱਖ ਮੰਤਰੀ ਦੀ ਅਗਵਾਈ ’ਚ ਹੋਈ ਉਚ ਪੱਧਰੀ ਮੀਟਿੰਗ**

**ਨਸ਼ਾ ਤਸਕਰਾਂ ਤੇ ਪਰਿਵਾਰਾਂ ਨੂੰ ਸਰਕਾਰੀ ਸਕੀਮਾਂ ਤਹਿਤ ਨਹੀਂ ਮਿਲੇਗੀ ਸਬਸਿਡੀ**

**ਨਸ਼ਿਆਂ ਦੀ ਅਲਾਮਤ ਨਾਲ ਨਜਿੱਠਣ ਲਈ ਬਹੁ-ਪੱਖੀ ਰਣਨੀਤੀ ਨੂੰ ਅੰਤਿਮ ਛੋਹਾਂ**

**ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਸਕੂਲਾਂ ਵਿੱਚ ਸਿਲੇਬਸ ਸ਼ੁਰੂ ਹੋਵੇਗਾ**

**ਨਸ਼ਾ ਤਸਕਰਾਂ ਖਿਲਾਫ ਸੁਣਵਾਈ ਤੇਜ਼ ਕਰਨ ਲਈ ਵਿਸ਼ੇਸ਼ ਫਾਸਟ ਟਰੈਕ ਅਦਾਲਤਾਂ ਸਥਾਪਤ ਹੋਣਗੀਆਂ**

**ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼. ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੇ ਨਿਰਦੇਸ਼**

ਨਸ਼ੀਲੇ ਪਦਾਰਥਾਂ ਦੇ ਹੌਟਸਪੌਟ ਦੀ ਪੁਲਿਸ ਕਰੇਗੀ ਸ਼ਨਾਖਤ, ਸਪਲਾਈ ਲਾਈਨ ਨੂੰ ਤੋੜੇਗੀ ਅਤੇ ਨਸ਼ਾ ਤਸਕਰਾਂ 'ਤੇ ਸਖ਼ਤ ਕਾਰਵਾਈ ਹੋਵੇਗੀ

ਨਸ਼ਾ ਤਸਕਰਾਂ ਦੀ ਜਾਇਦਾਦ ਜ਼ਬਤ ਕਰਕੇ ਢਾਹੀ ਜਾਵੇਗੀ

ਡਿਪਟੀ ਕਮਿਸ਼ਨਰਾਂ ਨੂੰ ਨਸ਼ਿਆਂ ਵਿਰੁੱਧ ਜੰਗ ਨੂੰ ਲੋਕ ਲਹਿਰ ਵਿੱਚ ਬਦਲਣ ਲਈ ਕਿਹਾ

ਜ਼ਿਲ੍ਹਾ ਪੱਧਰੀ ਮੁਹਿੰਮਾਂ ਜੰਗੀ ਪੱਧਰ 'ਤੇ ਹੋਣਗੀਆਂ ਸ਼ੁਰੂ

ਚੰਡੀਗੜ੍ਹ,28 ਫਰਵਰੀ:

ਨਸ਼ਿਆਂ ਦੀ ਲਾਹਨਤ ਦੇ ਖਿਲਾਫ਼ ਜੰਗ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਤੇ ਐਸ.ਐਸ.ਪੀਜ਼ ਨੂੰ ਤਿੰਨ ਮਹੀਨਿਆਂ ਵਿੱਚ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਆਦੇਸ਼ ਦਿੱਤੇ ਹਨ।
ਅੱਜ ਇੱਥੇ ਪੰਜਾਬ ਭਵਨ ਵਿਖੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨਾਲ ਮੀਟਿੰਗ ਦੌਰਾਨ ਵਿਚਾਰ-ਚਰਚਾ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਇਹ ਇਤਿਹਾਸਕ ਪਲ ਹੈ ਕਿਉਂਕਿ ਸੂਬਾ ਸਰਕਾਰ ਨੇ ਨਸ਼ਿਆਂ ਪ੍ਰਤੀ ਕਿਸੇ ਵੀ ਤਰ੍ਹਾਂ ਦਾ ਲਿਹਾਜ਼ ਨਾ ਵਰਤਣ ਦੀ ਨੀਤੀ ਅਪਣਾਈ ਹੋਈ ਹੈ ਅਤੇ ਇਸ ਲਾਹਨਤ ਦੇ ਖਿਲਾਫ਼ ਵਿਆਪਕ ਜੰਗ ਸ਼ੁਰੂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਦਾ ਅਮਨ-ਕਾਨੂੰਨ ਦੀ ਵਿਵਸਥਾ ਕਾਇਮ ਰੱਖਣ ਲਈ ਵੱਖ-ਵੱਖ ਚੁਣੌਤੀਆਂ ਨਾਲ ਨਜਿੱਠਣ ਦਾ ਲੰਮਾ ਅਤੇ ਸ਼ਾਨਦਾਰ ਇਤਿਹਾਸ ਹੈ। ਭਗਵੰਤ ਸਿੰਘ ਮਾਨ ਨੇ ਉਮੀਦ ਪ੍ਰਗਟ ਕੀਤੀ ਕਿ ਪੁਲਿਸ ਆਪਣੀ ਸ਼ਾਨਦਾਰ ਪਰੰਪਰਾ ਨੂੰ ਕਾਇਮ ਰੱਖੇਗੀ ਅਤੇ ਆਮ ਲੋਕਾਂ ਦੇ ਸਰਗਰਮ ਸਹਿਯੋਗ ਨਾਲ ਸੂਬੇ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਬਣਾਏਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰ ਨਸ਼ਿਆਂ ਦੇ ਮਾਮਲਿਆਂ ਦੀ ਤੇਜ਼ੀ ਨਾਲ ਸੁਣਵਾਈ ਅਤੇ ਮੁਲਜ਼ਮਾਂ ਨੂੰ ਦੋਸ਼ੀ ਠਹਿਰਾਉਣਾ ਯਕੀਨੀ ਬਣਾਉਣ ਲਈ ਵਿਸ਼ੇਸ਼ ਫਾਸਟ ਟਰੈਕ ਅਦਾਲਤਾਂ ਦਾ ਗਠਨ ਕਰੇਗੀ।
ਮੁੱਖ ਮੰਤਰੀ ਨੇ ਕਿਹਾ ਕਿ ਇਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ ਅਤੇ ਇਸ ਨੇਕ ਕਾਰਜ ਲਈ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਨੂੰ ਪੂਰਾ ਸਮਰਥਨ ਅਤੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਸਕੂਲਾਂ ਅਤੇ ਕਾਲਜਾਂ ਵਿੱਚ ਇਸ ਦੀ ਰੋਕਥਾਮ ਲਈ ਲੋੜੀਂਦੇ ਕਦਮ ਚੁੱਕੇ ਜਾਣੇ ਚਾਹੀਦੇ ਹਨ ਤਾਂ ਜੋ ਸਾਡੇ ਨੌਜਵਾਨ ਇਸ ਦੀ ਲਪੇਟ ਵਿੱਚ ਨਾ ਆਉਣ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਸ਼ਿਆਂ ਦੀ ਸਪਲਾਈ ਲਾਈਨ ਨੂੰ ਪੂਰੀ ਤਰ੍ਹਾਂ ਤੋੜ ਦੇਣ ਅਤੇ ਨਸ਼ੇ ਵੇਚਣ ਵਾਲਿਆਂ ਨੂੰ ਸਲਾਖਾਂ ਪਿੱਛੇ ਸੁੱਟਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਹ ਵੀ ਯਕੀਨੀ ਬਣਾਏਗੀ ਕਿ ਨਸ਼ਾ ਤਸਕਰਾਂ

ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਰਕਾਰ ਵੱਲੋਂ ਬਿਜਲੀ, ਪਾਣੀ ਤੇ ਹੋਰ ਸਹੂਲਤਾਂ ਵਿੱਚ ਕੋਈ ਸਬਸਿਡੀ ਨਾ ਦਿੱਤੀ ਜਾਵੇ ਤਾਂ ਕਿ ਅਪਰਾਧੀਆਂ ਨਾਲ ਕਰੜੇ ਹੱਥੀਂ ਨਿਪਟਿਆ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਨਸ਼ਾ ਤਸਕਰਾਂ ਵਿਰੁੱਧ ਮਿਸਾਲੀ ਕਾਰਵਾਈ ਨੂੰ ਯਕੀਨੀ ਬਣਾਉਣ ਲਈ ਐਨ.ਡੀ.ਪੀ.ਐਸ. ਐਕਟ ਵਿੱਚ ਕੋਈ ਹੋਰ ਸੋਧ ਦੀ ਲੋੜ ਪਵੇਗੀ ਤਾਂ ਉਹ ਇਸ ਮਸਲੇ ਨੂੰ ਕੇਂਦਰ ਸਰਕਾਰ ਕੋਲ ਉਠਾਉਣਗੇ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਜੰਗ ਨੂੰ ਜਨਤਕ ਅਤੇ ਸਮਾਜਿਕ ਮੁਹਿੰਮ ਵਿੱਚ ਬਦਲਣਾ ਚਾਹੀਦਾ ਹੈ ਜਿਸ ਲਈ ਅਧਿਕਾਰੀਆਂ ਨੂੰ ਵਿਆਪਕ ਕਾਰਵਾਈ ਲਈ ਢੁਕਵੀਂ ਵਿਉਂਤਬੰਦੀ ਕਰਨੀ ਚਾਹੀਦੀ ਹੈ।

ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਨਾਰੰਗਵਾਲ ਪਿੰਡ ਦੀ ਮਿਸਾਲ ਦਿੱਤੀ ਜਿੱਥੇ ਵੀਰਵਾਰ ਸ਼ਾਮ ਨੂੰ ਨਸ਼ਾ ਤਸਕਰ ਦੀ ਗੈਰ-ਕਾਨੂੰਨੀ ਜਾਇਦਾਦ ਢਾਹ ਦਿੱਤੀ ਗਈ ਸੀ। ਉਨ੍ਹਾਂ ਇਹ ਵੀ ਕਿਹਾ ਕਿ ਜਿਸ ਸ਼ਾਮਲਾਤ ਜ਼ਮੀਨ 'ਤੇ ਬਣਾਏ ਗਏ ਇਸ ਘਰ ਨੂੰ ਢਾਹਿਆ ਗਿਆ ਹੈ, ਉਸ ਥਾਂ ਉਤੇ ਹੁਣ ਲਾਇਬ੍ਰੇਰੀ ਬਣਾਈ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਜਿਸ ਥਾਂ ਤੋਂ ਨਸ਼ੇ ਵੇਚੇ ਜਾਂਦੇ ਸਨ, ਉਸ ਥਾਂ ਨੂੰ 'ਗਿਆਨ ਦੇ ਕੇਂਦਰ' ਵਿੱਚ ਬਦਲਿਆ ਜਾਵੇਗਾ ਤਾਂ ਜੋ ਨੌਜਵਾਨਾਂ ਨੂੰ ਨਸ਼ਿਆਂ ਦੀ ਸਮੱਸਿਆ ਬਾਰੇ ਜਾਗਰੂਕ ਕੀਤਾ ਜਾ ਸਕੇ। ਉਨ੍ਹਾਂ ਨੇ ਫੀਲਡ ਅਧਿਕਾਰੀਆਂ ਨੂੰ ਭਰੋਸਾ ਦਿਵਾਇਆ ਕਿ ਨਸ਼ਿਆਂ ਦੀ ਲਾਹਨਤ ਨੂੰ ਜੜ੍ਹੋਂ ਪੁੱਟਣ ਮੌਕੇ ਕਾਰਵਾਈ ਦੌਰਾਨ ਅਧਿਕਾਰੀਆਂ ਨੂੰ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੇ ਬੀਤੇ ਸਮੇਂ ਵਿੱਚ ਵੀ ਅੱਤਵਾਦ ਦੇ ਖਿਲਾਫ਼ ਜੰਗ ਜਿੱਤੀ ਸੀ ਅਤੇ ਹੁਣ ਸਾਰੇ ਅਧਿਕਾਰੀ ਨਸ਼ਿਆਂ ਦੀ ਲਾਹਨਤ ਦਾ ਖੁਰਾ-ਖੋਜ ਮਿਟਾ ਦੇਣ ਲਈ ਵੱਡੀ ਭੂਮਿਕਾ ਨਿਭਾਉਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਜੰਗ ਨੂੰ ਹੇਠਲੇ ਪੱਧਰ 'ਤੇ ਠੋਸ ਯੋਜਨਾਬੰਦੀ ਅਤੇ ਅਮਲ ਰਾਹੀਂ ਜਿੱਤਣਾ ਹੋਵੇਗਾ ਜਿਸ ਲਈ ਅਧਿਕਾਰੀਆਂ ਨੂੰ ਸਰਗਰਮ ਭੂਮਿਕਾ ਨਿਭਾਉਣੀ ਪਵੇਗੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪਹਿਲਾਂ ਹੀ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਸਕਾਰਾਤਮਕ ਪਾਸੇ ਲਾਉਣ ਲਈ ਠੋਸ ਯਤਨ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਇਕ ਅਸਾਧਾਰਨ ਜੰਗ ਹੈ ਅਤੇ ਸਰਕਾਰ ਨੂੰ ਖਾਸ ਤੌਰ ਉਤੇ ਹਰੇਕ ਅਧਿਕਾਰੀ ਨੂੰ ਲੀਹੋਂ ਹਟਵੇਂ ਵਿਚਾਰਾਂ ਨੂੰ ਅਮਲ ਵਿੱਚ ਲਿਆਉਣ ਅਤੇ ਲੋੜੀਂਦੇ ਕਦਮ ਚੁੱਕਣ ਦੀ ਲੋੜ ਹੈ।

ਮੁੱਖ ਮੰਤਰੀ ਨੇ ਪੁਲਿਸ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨੂੰ ਕਿਹਾ ਕਿ ਉਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਤਿੰਨ ਮਹੀਨਿਆਂ ਦੇ ਅੰਦਰ ਨਸ਼ਿਆਂ ਦੀ ਮੌਜੂਦਗੀ ਬਿਲਕੁਲ ਖਤਮ ਹੋਣੀ ਚਾਹੀਦੀ ਹੈ। ਇਕ ਮਹੀਨੇ ਬਾਅਦ ਹਰੇਕ ਐਸ.ਐਸ.ਪੀ. ਵੱਲੋਂ ਜ਼ਿਲ੍ਹੇ ਵਿੱਚ ਨਸ਼ਾ ਵਿਰੋਧੀ ਪ੍ਰੋਗਰਾਮ ਦੀ ਪ੍ਰਗਤੀ ਦਾ ਮੁਲਾਂਕਣ ਕਰਕੇ ਕਾਰਗੁਜ਼ਾਰੀ ਨਾ ਦਿਖਾਉਣ ਵਾਲਿਆਂ ਖਿਲਾਫ਼ ਸਖਤੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਦੇ ਖਿਲਾਫ਼ ਕੇਸ ਦਰਜ ਕੀਤੇ ਜਾਣੇ ਚਾਹੀਦੇ ਹਨ ਜਿਸ ਲਈ ਏ.ਐਨ.ਟੀ.ਐਫ. ਵੱਲੋਂ ਪਹਿਲਾਂ ਹੀ ਸੂਚੀ ਮੁਹੱਈਆ ਕਰਵਾ ਦਿੱਤੀ ਗਈ ਹੈ। ਉਨ੍ਹਾਂ ਨੇ ਅਧਿਕਾਰੀਆਂ

ਨੂੰ ਕਿਹਾ ਕਿ ਵੱਡੀ/ਦਰਮਿਆਨੀ ਮਾਤਰਾ ਵਿੱਚ ਨਸ਼ਿਆਂ ਦੀ ਬਰਾਮਦਗੀ ਦੇ ਮਾਮਲਿਆਂ ਵਿੱਚ ਗ੍ਰਿਫਤਾਰ ਦੋਸ਼ੀਆਂ ਦੀਆਂ ਜ਼ਮਾਨਤਾਂ ਰੱਦ ਕਰਨ ਵਿੱਚ ਪੂਰੀ ਵਾਹ ਲਾ ਦਿੱਤੀ ਜਾਵੇ। ਮੁੱਖ ਮੰਤਰੀ ਨੇ ਐਨ.ਡੀ.ਪੀ.ਐਸ. ਮਾਮਲਿਆਂ ਵਿੱਚ ਸਮੇਂ ਸਿਰ ਚਲਾਨ ਪੇਸ਼ ਕਰਨ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਨੇ ਐਨ.ਡੀ.ਪੀ.ਐਸ. ਮਾਮਲਿਆਂ ਵਿੱਚ ਕੈਮੀਕਲ ਰਿਪੋਰਟਾਂ ਵੀ ਸਮੇਂ ਉਤੇ ਪੇਸ਼ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਜ਼ਿਲ੍ਹਿਆਂ ਵਿੱਚ ਨਸ਼ੇ ਦੀ ਓਵਰਡੋਜ਼ ਦੇ ਸਾਰੇ ਮਾਮਲਿਆਂ ਵਿੱਚ ਵਿਆਪਕ ਜਾਂਚ ਅਤੇ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਨਸ਼ਿਆਂ ਦੀ ਸਪਲਾਈ ਨੂੰ ਰੋਕਣ ਲਈ ਦਿਨ-ਰਾਤ ਵਾਹਨਾਂ ਦੀ ਸਖਤੀ ਨਾਲ ਜਾਂਚ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ।

ਇਕ ਹੋਰ ਮੁੱਦੇ ਨੂੰ ਉਠਾਉਂਦਿਆਂ ਮੁੱਖ ਮੰਤਰੀ ਨੇ ਨਸ਼ਿਆਂ ਦੀ ਖਪਤ ਜਾਂ ਨਸ਼ਿਆਂ ਨੂੰ ਉਤਸ਼ਾਹਤ ਕਰਨ ਵਿੱਚ ਸ਼ਾਮਲ ਪੁਲਿਸ ਮੁਲਾਜ਼ਮਾਂ ਖਿਲਾਫ਼ ਮਿਸਾਲੀ ਕਾਰਵਾਈ ਕਰਨ ਦੇ ਹੁਕਮ ਦਿੱਤੇ। ਇਸੇ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਨਸ਼ਾ ਤਸਕਰੀ ਦੇ ਦੋਸ਼ੀਆਂ ਦੀ ਜਾਇਦਾਦ ਤੁਰੰਤ ਪ੍ਰਭਾਵ ਨਾਲ ਜ਼ਬਤ ਕੀਤੀ ਜਾਣੀ ਚਾਹੀਦੀ ਹੈ ਅਤੇ ਵਪਾਰਕ ਮਾਤਰਾ ਵਾਲੇ ਨਸ਼ਿਆਂ ਦੀ ਬਰਾਮਦਗੀ ਵਾਲੇ ਮਾਮਲਿਆਂ ਵਿੱਚ ਜਾਇਦਾਦ ਨੂੰ 100 ਫੀਸਦੀ ਜ਼ਬਤ ਕਰ ਲੈਣਾ ਚਾਹੀਦਾ ਹੈ। ਇਸ ਦੌਰਾਨ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਪਾਰਕ ਮੰਤਵ ਵਾਲੇ ਨਸ਼ਿਆਂ ਦੀ ਬਰਾਮਦਗੀ ਵਾਲੇ ਮਾਮਲਿਆਂ ਵਿੱਚ ਗੈਰ-ਕਾਨੂੰਨੀ ਜਾਇਦਾਦਾਂ ਨੂੰ ਸੌ ਫੀਸਦੀ ਢਾਹ ਦੇਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਪੁਲਿਸ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨੂੰ ਕਿਹਾ ਕਿ ਨਸ਼ਿਆਂ ਤੋਂ ਵੱਧ ਪ੍ਰਭਾਵਿਤ ਥਾਵਾਂ (ਹੌਟਸਪੌਟ) ਦੀ ਤਹਿ ਤੱਕ ਜਾ ਕੇ ਸ਼ਨਾਖਤ ਕੀਤੀ ਜਾਣੀ ਚਾਹੀਦੀ ਹੈ ਅਤੇ ਸੀਨੀਅਰ ਪੁਲਿਸ ਅਧਿਕਾਰੀਆਂ ਵੱਲੋਂ ਹਰ ਪੰਦਰਵਾੜੇ ਹਰੇਕ ਪ੍ਰਭਾਵਿਤ ਇਲਾਕੇ ਵਿੱਚ ਅਤੇ ਹਰੇਕ ਹਫ਼ਤੇ ਜੇਲ੍ਹਾਂ ਵਿੱਚ ਘੇਰਾਬੰਦੀ ਤੇ ਤਲਾਸ਼ੀ ਮੁਹਿੰਮ (ਸੀ.ਏ.ਐਸ.ਓ.) ਚਲਾਈ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪ੍ਰਭਾਵਿਤ ਇਲਾਕਿਆਂ ਵਿੱਚ ਦਿਨ-ਰਾਤ ਵਿਆਪਕ ਪੱਧਰ ਉਤੇ ਸਖ਼ਤੀ ਨਾਲ ਮੁਹਿੰਮ ਚਲਾਈ ਜਾਣੀ ਚਾਹੀਦੀ ਹੈ, ਜਿਸ ਵਿੱਚ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ 'ਤੇ ਧਿਆਨ ਕੇਂਦਰਿਤ ਕੀਤਾ ਜਾਵੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜੇਕਰ ਕੋਈ ਨਸ਼ਾ ਤਸਕਰ ਪੁਲਿਸ ਨਾਲ ਦੁਰਵਿਵਹਾਰ ਕਰਦਾ ਹੈ ਤਾਂ ਉਸ ਨਾਲ ਬਹੁਤ ਕਰੜੇ ਹੱਥੀਂ ਨਜਿੱਠਿਆ ਜਾਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਡਿਪਟੀ ਕਮਿਸ਼ਨਰਾਂ, ਪੁਲਿਸ ਕਮਿਸ਼ਨਰਾਂ ਅਤੇ ਐਸ.ਐਸ.ਪੀ. ਨੂੰ ਨਸ਼ਾ ਛੁਡਾਊ ਤੇ ਰੋਕਥਾਮ ਦੀਆਂ ਰਣਨੀਤੀਆਂ ਨੂੰ ਲਾਗੂ ਕਰਨ ਲਈ ਆਪਸੀ ਤਾਲਮੇਲ ਨਾਲ ਕੰਮ ਕਰਨ ਲਈ ਕਿਹਾ। ਉਨ੍ਹਾਂ ਨੇ ਡਿਪਟੀ ਕਮਿਸ਼ਨਰਾਂ ਨੂੰ ਸਾਰੇ ਨਸ਼ਾ ਛੁਡਾਊ ਤੇ ਮੁੜ ਵਸੇਬਾ ਕੇਂਦਰਾਂ ਅਤੇ ਓ.ਓ.ਏ.ਟੀ. ਕੇਂਦਰਾਂ ਦਾ ਸਰਕਾਰੀ ਅਤੇ ਨਿੱਜੀ, ਦੋਵਾਂ ਦਾ ਰੈਗੂਲਰ ਤੌਰ ਉਤੇ ਨਿਰੀਖਣ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਇਨ੍ਹਾਂ ਕੇਂਦਰਾਂ ਨੂੰ ਲੋੜੀਂਦੀ ਮਨੁੱਖੀ ਸ਼ਕਤੀ (ਮਨੋਚਿਕਿਤਸਕ ਤੇ ਕੌਂਸਲਰ ਆਦਿ ਸਮੇਤ) ਅਤੇ

ਟੈਸਟਿੰਗ ਕਿੱਟਾਂ, ਦਵਾਈਆਂ, ਸੁਰੱਖਿਆ (ਸੁਰੱਖਿਆ ਸਟਾਫ/ਸੀ.ਸੀ.ਟੀ.ਵੀ.), ਸਫਾਈ ਅਤੇ ਹੋਰ ਬੁਨਿਆਦੀ ਢਾਂਚੇ ਨਾਲ ਲੈਸ ਹੋਣਾ ਚਾਹੀਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਡਿਪਟੀ ਕਮਿਸ਼ਨਰਾਂ ਨੂੰ ਮਰੀਜ਼ਾਂ ਦੀ ਵਧਦੀ ਗਿਣਤੀ ਕਾਰਨ ਪੈਦਾ ਹੋਣ ਵਾਲੀਆਂ ਜ਼ਰੂਰਤਾਂ ਲਈ ਤਿਆਰੀ ਕਰਨੀ ਚਾਹੀਦੀ ਹੈ ਅਤੇ ਕੈਮਿਸਟ ਦੁਕਾਨਾਂ ਦੀ ਨਿਰੰਤਰ ਜਾਂਚ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ। ਮੁੱਖ ਮੰਤਰੀ ਨੇ ਡਿਪਟੀ ਕਮਿਸ਼ਨਰਾਂ ਨੂੰ ਇਹ ਵੀ ਕਿਹਾ ਕਿ ਉਹ ਇਹ ਯਕੀਨੀ ਬਣਾਉਣ ਕਿ ਐਸ.ਡੀ.ਐਮ./ਫੀਲਡ ਅਧਿਕਾਰੀ ਨਸ਼ੇ ਦੇ ਆਦੀਆਂ ਖਾਸ ਕਰਕੇ ਨਸ਼ੇ ਦੀ ਓਵਰਡੋਜ਼ ਨਾਲ ਮੌਤ ਹੋਣ ਜਾਣ ਦੇ ਮਾਮਲੇ ਵਿੱਚ ਪੀੜਤਾਂ ਦੇ ਘਰ ਜਾਣ ਤਾਂ ਜੋ ਇਸ ਸਮੱਸਿਆ ਨੂੰ ਖਤਮ ਕੀਤਾ ਜਾ ਸਕੇ। ਉਨ੍ਹਾਂ ਨੇ ਸਕੂਲ ਸਿਲੇਬਸ ਵਿੱਚ ਨਸ਼ੇ ਦੀ ਸਮੱਸਿਆ ਵਿਰੁੱਧ ਕੋਰਸ ਸ਼ੁਰੂ ਕਰਨ ਦਾ ਵੀ ਐਲਾਨ ਕੀਤਾ ਜਿਸ ਲਈ ਸਿੱਖਿਆ ਵਿਭਾਗ ਵੱਲੋਂ ਲੋੜੀਂਦੇ ਕਦਮ ਚੁੱਕੇ ਜਾਣਗੇ। ਭਗਵੰਤ ਸਿੰਘ ਮਾਨ ਨੇ ਡਿਪਟੀ ਕਮਿਸ਼ਨਰਾਂ ਨੂੰ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਕਿ ਨਸ਼ੇ ਦੀ ਓਵਰਡੋਜ਼ ਨਾਲ ਹੋਈ ਮੌਤ ਦੇ ਹਰੇਕ ਮਾਮਲੇ ਵਿੱਚ ਮੁੱਖ ਮੰਤਰੀ ਰਾਹਤ ਫੰਡ ਤੋਂ ਢੁਕਵੀਂ ਰਾਹਤ ਦਿੱਤੀ ਜਾਵੇ।
ਮੁੱਖ ਮੰਤਰੀ ਨੇ ਡਿਪਟੀ ਕਮਿਸ਼ਨਰਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਨਸ਼ੇ ਦੇ ਆਦੀਆਂ ਦੇ ਪਰਿਵਾਰਾਂ ਨੂੰ ਲੋੜੀਂਦੀ ਸਲਾਹ ਅਤੇ ਸਹਾਇਤਾ ਪ੍ਰਦਾਨ ਕੀਤੀ ਜਾਵੇ। ਉਨ੍ਹਾਂ ਨੇ ਡਿਪਟੀ ਕਮਿਸ਼ਨਰਾਂ ਨੂੰ ਵਿਆਪਕ ਪੱਧਰ ਉਤੇ ਲੋਕਾਂ ਕੋਲ ਪਹੁੰਚ ਕਰਨ ਅਤੇ ਜਨ ਸੰਪਰਕ ਪ੍ਰੋਗਰਾਮ ਸ਼ੁਰੂ ਕਰਨ ਲਈ ਵੀ ਕਿਹਾ। ਮੁੱਖ ਮੰਤਰੀ ਨੇ ਡਿਪਟੀ ਕਮਿਸ਼ਨਰਾਂ ਨੂੰ ਨਸ਼ਿਆਂ ਦੀ ਸਮੱਸਿਆ ਤੋਂ ਪੂਰੀ ਤਰ੍ਹਾਂ ਨਿਜਾਤ ਪਾਉਣ ਲਈ ਜ਼ਿਲ੍ਹਾ ਪੱਧਰ ਉਤੇ ਸਕੂਲ ਸਿੱਖਿਆ, ਖੇਡਾਂ, ਸਿਹਤ, ਰੋਜ਼ਗਾਰ ਤੇ ਹੁਨਰ ਵਿਕਾਸ ਵਿਭਾਗਾਂ ਵਿੱਚ ਆਪਸੀ ਤਾਲਮੇਲ ਬਿਠਾਉਣ ਲਈ ਕਿਹਾ। ਡਿਪਟੀ ਕਮਿਸ਼ਨਰਾਂ ਨੂੰ ਜਨਤਕ ਮੀਟਿੰਗਾਂ, ਕੈਂਪਾਂ, ਸੈਮੀਨਾਰ, ਸਾਈਕਲ ਰੈਲੀਆਂ, ਮਨੁੱਖੀ ਲੜੀਆਂ, ਖੇਡ ਸਮਾਗਮਾਂ, ਹੁਨਰ ਵਿਕਾਸ ਦੇ ਪ੍ਰਗੋਰਾਮਾਂ ਦੇ ਰੂਪ ਵਿੱਚ ਹਰੇਕ ਮਹੀਨੇ ਜਨ ਸੰਪਰਕ ਪ੍ਰੋਗਰਾਮਾਂ ਨੂੰ ਯਕੀਨੀ ਬਣਾਉਣ ਲਈ ਆਖਿਆ।
ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਅਮਨ ਅਰੋੜਾ, ਡਾ. ਬਲਬੀਰ ਸਿੰਘ, ਤਰੁਣਪ੍ਰੀਤ ਸਿੰਘ ਸੌਂਦ ਅਤੇ ਲਾਲਜੀਤ ਸਿੰਘ ਭੁੱਲਰ ਵੀ ਹਾਜ਼ਰ ਸਨ।
----------

पंजाब सरकार ने राज्य को नशा मुक्त बनाने के लिए तीन महीने की समय सीमा तय की

मुख्यमंत्री के नेतृत्व में उच्च स्तरीय बैठक में नशे के खिलाफ निर्णायक लड़ाई शुरू करने का

**निर्णय**

**नशा तस्करों और उनके परिवारों को सरकारी योजनाओं के तहत नहीं मिलेगी सब्सिडी**

**नशे की समस्या से निपटने के लिए बहु-आयामी रणनीति को दिया गया अंतिम रूप**

**विद्यार्थियों को नशे के खिलाफ जागरूक करने के लिए स्कूलों में पाठ्यक्रम शुरू होगा**

**नशा तस्करों के खिलाफ सुनवाई तेज करने के लिए विशेष फास्ट ट्रैक अदालतें स्थापित की जाएंगी**

**पुलिस कमिश्नरों, डिप्टी कमिश्नरों और एसएसपी को आपसी तालमेल से काम करने के निर्देश**

**पुलिस नशीले पदार्थों के हॉटस्पॉट की पहचान करेगी, सप्लाई लाइन तोड़ेगी और नशा तस्करों पर सख्त कार्रवाई करेगी**

**नशा तस्करों की संपत्ति जब्त कर ध्वस्त की जाएगी**

**डिप्टी कमिश्नरों को नशे के खिलाफ लड़ाई को जन आंदोलन में बदलने के लिए कहा**

**जिला स्तर पर अभियान युद्ध स्तर पर होंगे शुरू**

**चंडीगढ़, 28 फरवरी**

नशे की समस्या के खिलाफ लड़ाई का ऐलान करते हुए मुख्यमंत्री भगवंत सिंह मान ने आज पुलिस कमिश्नरों, डिप्टी कमिश्नरों और एसएसपी को तीन महीने के भीतर पंजाब को नशा मुक्त राज्य बनाने का आदेश दिया।

आज यहां पंजाब भवन में पुलिस कमिश्नरों, डिप्टी कमिश्नरों और एसएसपी के साथ बैठक के दौरान मुख्यमंत्री ने कहा कि यह ऐतिहासिक क्षण है क्योंकि राज्य सरकार ने नशे के प्रति किसी भी प्रकार की सहानुभूति न रखने की नीति अपनाई है और इस समस्या के खिलाफ व्यापक लड़ाई शुरू कर रही है। उन्होंने कहा कि पंजाब पुलिस का कानून-व्यवस्था बनाए रखने के लिए विभिन्न चुनौतियों से निपटने का लंबा और शानदार इतिहास है। भगवंत सिंह मान ने उम्मीद जताई कि पुलिस अपनी शानदार परंपरा को कायम रखेगी और आम लोगों के सक्रिय सहयोग से राज्य को पूरी तरह नशा मुक्त बनाएगी।

मुख्यमंत्री ने कहा कि सरकार नशे के मामलों की तेजी से सुनवाई और दोषियों को सजा दिलाने के लिए विशेष फास्ट ट्रैक अदालतों का गठन करेगी। उन्होंने यह भी कहा कि इस नेक कार्य के लिए पुलिस और सिविल प्रशासन को पूरा समर्थन और सहयोग दिया जाएगा।

मुख्यमंत्री ने स्कूलों और कॉलेजों में नशे की रोकथाम के लिए आवश्यक कदम उठाने की बात कही ताकि हमारे युवा इसकी चपेट में न आएं। उन्होंने नशे की सप्लाई लाइन को पूरी तरह तोड़ने और नशा बेचने वालों को जेल में डालने की बात कही।

मुख्यमंत्री ने यह भी कहा कि राज्य सरकार यह सुनिश्चित करेगी कि नशा तस्करों और उनके परिवारों को बिजली, पानी और अन्य सुविधाओं में कोई सब्सिडी न दी जाए ताकि अपराधियों से सख्ती से निपटा जा सके।

उन्होंने कहा कि अगर नशा तस्करों के खिलाफ मिसाल कायम करने के लिए एनडीपीएस एक्ट में किसी और संशोधन की जरूरत पड़ी तो वह इस मुद्दे को केंद्र सरकार के समक्ष उठाएंगे।

मुख्यमंत्री ने कहा कि नशे के खिलाफ लड़ाई को जन और सामाजिक आंदोलन में बदलना चाहिए,

जिसके लिए अधिकारियों को व्यापक कार्रवाई के लिए उचित योजना बनानी चाहिए।
बैठक के दौरान मुख्यमंत्री ने नारंगवाल गांव का उदाहरण दिया, जहां गुरुवार शाम को नशा तस्कर की अवैध संपत्ति को ध्वस्त कर दिया गया था। उन्होंने यह भी कहा कि जिस साझा जमीन पर यह घर बनाया गया था, वहां अब एक लाइब्रेरी बनाई जाएगी।
मुख्यमंत्री ने कहा कि जिस जगह से नशा बेचा जाता था, उसे 'ज्ञान का केंद्र' में बदला जाएगा ताकि युवाओं को नशे की समस्या के बारे में जागरूक किया जा सके।
उन्होंने फील्ड अधिकारियों को भरोसा दिलाया कि नशे की समस्या को जड़ से खत्म करने के लिए कार्रवाई के दौरान अधिकारियों को कोई परेशानी नहीं होने दी जाएगी।
भगवंत सिंह मान ने कहा कि पंजाब ने पहले भी आतंकवाद के खिलाफ लड़ाई जीती थी और अब सभी अधिकारी नशे की समस्या को जड़ से खत्म करने में बड़ी भूमिका निभाएंगे।
मुख्यमंत्री ने कहा कि नशे के खिलाफ लड़ाई को जमीनी स्तर पर ठोस योजना और क्रियान्वयन के माध्यम से जीता जाएगा, जिसके लिए अधिकारियों को सक्रिय भूमिका निभानी होगी। उन्होंने कहा कि राज्य सरकार पहले ही युवाओं की असीम ऊर्जा को सकारात्मक दिशा में लगाने के लिए ठोस प्रयास कर रही है। भगवंत सिंह मान ने कहा कि यह एक असाधारण लड़ाई है और सरकार को विशेष रूप से प्रत्येक अधिकारी को पारंपरिक विचारों से हटकर कार्यान्वित करने और आवश्यक कदम उठाने की आवश्यकता है।
मुख्यमंत्री ने पुलिस कमिश्नरों और एसएसपी से कहा कि उनके अधिकार क्षेत्र में तीन महीनों के भीतर नशे की उपस्थिति पूरी तरह समाप्त होनी चाहिए। एक महीने बाद प्रत्येक एसएसपी द्वारा जिले में नशा विरोधी कार्यक्रम की प्रगति का मूल्यांकन किया जाएगा और प्रदर्शन न दिखाने वालों के खिलाफ सख्त कार्रवाई की जाएगी। उन्होंने कहा कि नशा तस्करों के खिलाफ मामले दर्ज किए जाने चाहिए, जिसके लिए एएनटीएफ द्वारा पहले ही सूची प्रदान की जा चुकी है। उन्होंने अधिकारियों से कहा कि बड़ी/मध्यम मात्रा में नशे की बरामदगी के मामलों में गिरफ्तार दोषियों की जमानत रद्द करने में पूरी कोशिश की जाए।
मुख्यमंत्री ने एनडीपीएस मामलों में समय पर चार्जशीट पेश करने पर भी जोर दिया। उन्होंने एनडीपीएस मामलों में कैमिकल रिपोर्ट भी समय पर पेश करने को कहा। उन्होंने कहा कि जिलों में नशे की ओवरडोज के सभी मामलों में व्यापक जांच और कार्रवाई की जानी चाहिए। भगवंत सिंह मान ने आगे कहा कि नशे की आपूर्ति को रोकने के लिए दिन-रात वाहनों की सख्ती से जांच सुनिश्चित की जानी चाहिए।
एक अन्य मुद्दे को उठाते हुए मुख्यमंत्री ने नशे की खपत या नशे को बढ़ावा देने में शामिल पुलिस कर्मियों के खिलाफ मिसाल कायम करने वाली कार्रवाई करने के आदेश दिए। इसी दौरान मुख्यमंत्री ने कहा कि नशा तस्करी के दोषियों की संपत्ति तुरंत प्रभाव से जब्त की जानी चाहिए और व्यावसायिक मात्रा वाले नशे की बरामदगी वाले मामलों में संपत्ति को 100 प्रतिशत जब्त कर लिया जाना चाहिए। इस दौरान भगवंत सिंह मान ने कहा कि व्यावसायिक उद्देश्य वाले नशे की बरामदगी वाले मामलों में अवैध संपत्तियों को पूरी तरह ध्वस्त कर दिया जाना चाहिए।
मुख्यमंत्री ने पुलिस कमिश्नरों और एसएसपीज से कहा कि नशे से अधिक प्रभावित स्थानों (हॉटस्पॉट) की गहराई से पहचान की जानी चाहिए और वरिष्ठ पुलिस अधिकारियों द्वारा हर पखवाड़े प्रत्येक प्रभावित क्षेत्र में और हर सप्ताह जेलों में घेराबंदी और तलाशी अभियान (सीएएसओ) चलाया जाना चाहिए। उन्होंने कहा कि प्रभावित क्षेत्रों में दिन-रात व्यापक स्तर पर सख्ती से अभियान चलाया जाना चाहिए, जिसमें नशीले पदार्थों की बरामदगी पर ध्यान केंद्रित किया जाए। भगवंत सिंह मान ने कहा कि यदि कोई नशा तस्कर पुलिस के साथ दुर्व्यवहार करता है तो उसके साथ बहुत सख्ती से निपटा जाना चाहिए।
मुख्यमंत्री ने डिप्टी कमिश्नरों, पुलिस कमिश्नरों और एसएसपी को नशा छुड़ाने और रोकथाम की रणनीतियों को लागू करने के लिए आपसी तालमेल से काम करने के लिए कहा। उन्होंने डिप्टी कमिश्नरों

से सभी नशा छुड़ाने और पुनर्वास केंद्रों और ओओएटी केंद्रों का सरकारी और निजी, दोनों का नियमित रूप से निरीक्षण करने के लिए कहा। उन्होंने कहा कि इन केंद्रों को आवश्यक मानव शक्ति (मनोचिकित्सक और काउंसलर आदि सहित) और परीक्षण किट, दवाएं, सुरक्षा (सुरक्षा स्टाफ/सीसीटीवी), सफाई और अन्य बुनियादी ढांचे से लैस होना चाहिए। भगवंत सिंह मान ने कहा कि डिप्टी कमिश्नरों को मरीजों की बढ़ती संख्या के कारण उत्पन्न होने वाली आवश्यकताओं के लिए तैयारी करनी चाहिए और केमिस्ट दुकानों की निरंतर जांच सुनिश्चित करनी चाहिए।

मुख्यमंत्री ने डिप्टी कमिश्नरों से यह भी कहा कि वे यह सुनिश्चित करें कि एसडीएम/फील्ड अधिकारी नशे के आदी विशेष रूप से नशे की ओवरडोज से मौत के मामले में पीड़ितों के घर जाएं ताकि इस समस्या को समाप्त किया जा सके। उन्होंने स्कूल पाठ्यक्रम में नशे की समस्या के खिलाफ पाठ्यक्रम शुरू करने की भी घोषणा की, जिसके लिए शिक्षा विभाग द्वारा आवश्यक कदम उठाए जाएंगे। भगवंत सिंह मान ने डिप्टी कमिश्नरों से यह भी सुनिश्चित करने के लिए कहा कि नशे की ओवरडोज से हुई मौत के प्रत्येक मामले में मुख्यमंत्री राहत कोष से उचित राहत दी जाए।

मुख्यमंत्री ने डिप्टी कमिश्नरों को यह भी निर्देश दिया कि नशे के आदी लोगों के परिवारों को आवश्यक सलाह और सहायता प्रदान की जाए। उन्होंने डिप्टी कमिश्नरों से व्यापक स्तर पर लोगों तक पहुंचने और जन संपर्क कार्यक्रम शुरू करने के लिए भी कहा। मुख्यमंत्री ने डिप्टी कमिश्नरों से नशे की समस्या से पूरी तरह छुटकारा पाने के लिए जिला स्तर पर स्कूल शिक्षा, खेल, स्वास्थ्य, रोजगार और कौशल विकास विभागों में आपसी तालमेल स्थापित करने के लिए कहा। डिप्टी कमिश्नरों को सार्वजनिक बैठकों, शिविरों, सेमिनारों, साइकिल रैलियों, मानव श्रृंखलाओं, खेल आयोजनों, कौशल विकास कार्यक्रमों के रूप में हर महीने जन संपर्क कार्यक्रम सुनिश्चित करने के लिए कहा।

इस अवसर पर कैबिनेट मंत्री हरपाल सिंह चीमा, अमन अरोड़ा, डॉ. बलबीर सिंह, तरुणप्रीत सिंह सौंद और लालजीत सिंह भुल्लर भी उपस्थित थे।

-------------